ਜ਼ਿਲਾ ਮੈਜਿਸਟਰੇਟ, ਕਪੂਰਥਲਾ।
Tele. No. 01822-233777-O, 233776-R, 233393-F
Email ID dckapurthala@gmail.com

## ਹੁਕਮ

ਭਾਰਤ ਸਰਕਾਰ ਨੇ (COVID-19) ਕਰੋਨਾ ਵਾਇਰਸ ਨੂੰ ਮਹਾਂਮਾਰੀ ਘੋਸ਼ਿਤ ਕਰਨ ਉਪਰੰਤ ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 14/7/2020-4/677 ਮਿਤੀ 05.03.2020 ਰਾਹੀਂ (COVID-19) ਕਰੋਨਾ ਵਾਇਰਸ ਨੂੰ Epidemic Diseases Act.,1897 ਤਹਿਤ ਪੰਜਾਬ ਰਾਜ ਵਿੱਚ ਮਹਾਂਮਾਰੀ ਘੋਸ਼ਿਤ ਕਰ ਦਿੱਤਾ ਗਿਆ ਹੈ। ਆਮ ਜਨਤਾ ਨੂੰ (COVID-19) ਕਰੋਨਾ ਵਾਇਰਸ ਦੇ ਮਾੜੇ ਪ੍ਰਭਾਵ ਤੋਂ ਬਚਣ ਲਈ ਆਪਾਤਕਾਲ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦਿਆ, ਆਮ ਜਨਤਾ ਦੀ ਸੁਰੱਖਿਆ ਲਈ ਅਤੇ ਮਹਾਂਮਾਰੀ ਦੇ ਪ੍ਰਕੋਪ ਤੋਂ ਬਚਣ ਲਈ ਇਸ ਦਫ਼ਤਰ ਦੇ ਹੁਕਮ ਪਿੱਠ ਅੰਕਣ ਨੰ: 1251-1287/ਐਮ.ਏ ਮਿਤੀ 23-3-2020 ਰਾਹੀਂ ਲਗਾਏ ਗਏ ਕਰਫਿਊ ਲਗਾਇਆ ਗਿਆ ਹੈ। ਜਿਸ ਦੇ ਸਬੰਧ ਵਿੱਚ Epidemic Coronavirus Disease(COVID-19) ਨੂੰ ਫੈਲਣ ਤੋਂ ਰੋਕਣ ਲਈ ਸਮੇਂ-ਸਮੇਂ ਤੇ ਵਾਧਾ ਕੀਤਾ ਗਿਆ ਅਤੇ ਜਿਸ ਦੀ ਮਿਆਦ ਹੁਣ 17.05.2020 ਤੱਕ ਵਾਧਾ ਕੀਤਾ ਗਿਆ ਹੈ।

ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਵੱਲੋ ਜਾਰੀ ਮੀਮੋ ਨੰ: SSE/SPL/20/126 ਮਿਤੀ 10.05.2020 ਰਾਹੀਂ ਜਾਰੀ ਹਦਾਇਤਾਂ ਮੁੱਖ ਰੱਖਦੇ ਹੋਏ ਕਰਫਿਊ ਦੌਰਾਨ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇਂ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲਾ ਕਪੂਰਥਲਾ ਦੀ ਹਦੂਦ ਅੰਦਰ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇਂ ਵਿਦਿਆਰਥੀਆਂ ਨੂੰ ਕਿਤਾਬਾਂ ਵੰਡਣ (ਘਰ-ਘਰ) ਲਈ ਜ਼ਿਲਾ ਸਿੱਖਿਆ ਅਫਸਰ(ਸੈ.ਸਿੱ.)/(ਐਲੀ.ਸਿੱ:), ਕਪੂਰਥਲਾ ਅਤੇ ਜ਼ਿਲਾ ਮੈਨੇਜਰ, ਪੰਜਾਬ ਸਕੂਲ ਸਿੱਖਿਆ ਬੋਰਡ, ਕਪੂਰਥਲਾ ਨੂੰ ਅਧਿਕਾਰਤ ਕੀਤਾ ਜਾਂਦਾ ਹੈ।

ਕਿਤਾਬਾਂ ਵੰਡਣ ਲਈ ਜੇਕਰ ਕਿਸੇ ਦੀ ਸਹਾਇਤਾਂ ਦੀ ਜਰੂਰਤ ਹੋਵੇ ਤਾਂ ਜ਼ਿਲਾ ਸਿੱਖਿਆ ਅਫਸਰ (ਸੈ.ਸਿੱ.)/ (ਐਲੀ.ਸਿੱ:), ਕਪੂਰਥਲਾ ਆਪਣੇ ਅਧੀਨ ਆਉਂਦੇ ਅਧਿਕਾਰੀ/ ਕਰਮਚਾਰੀ ਦੀ ਡਿਊਟੀ ਲਗਾ ਸਕਦੇ ਹਨ।

ਹਰੇਕ ਅਧਾਰਾ ਭਾਰਤ ਸਰਕਾਰ/ ਪੰਜਾਬ ਸਰਕਾਰ/ ਜਿਲ੍ਹਾ ਪ੍ਰਸ਼ਾਸਨ ਅਤੇ ਵੱਖ-ਵੱਖ ਸਿਹਤ ਅਥਾਰਟੀਆਂ ਵੱਲੋਂ (COVID-19) ਕਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਸਮੇਂ-ਸਮੇਂ ਤੇ ਜਾਰੀ ਹਦਾਇਤਾਂ/ ਹੁਕਮਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਏਗਾ ਅਤੇ ਹਦਾਇਤਾਂ/ ਹੁਕਮਾ ਦੀ ਉਲੰਘਣਾ ਕਰਨ ਵਾਲੇ ਖਿਲਾਫ ਨਿਯਮਾਂ ਅਨੁਸਾਰ ਕਾਨੂੰਨ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਹੁਕਮ ਅੱਜ਼ ਮਿਤੀ 14-05-2020 ਨੂੰ ਮੇਰੇ ਹਸਤਾਖਰਾਂ ਤੇ ਮੋਹਰ ਅਦਾਲਤ ਨਾਲ ਜ਼ਾਰੀ ਕੀਤਾ ਗਿਆ।

ਜਿਲ੍ਹਾ ਮੈਜਿਸਟਰੇਟ,
ਕਪੂਰਥਲਾ।

ਪਿੱਠ ਅੰਕਣ ਨੰ: 2645-2693 /ਐਮ.ਏ. ਮਿਤੀ: 14.5.2020

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ :-

1. ਮੁੱਖ ਸਕੱਤਰ ਪੰਜਾਬ ਸਰਕਾਰ, ਚੰਡੀਗੜ੍ਹ
2. ਗ੍ਰਿਹ ਸਕੱਤਰ ਪੰਜਾਬ ਸਰਕਾਰ, ਚੰਡੀਗੜ੍ਹ।
3. ਸਕੱਤਰ, ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ।
4. ਕਮਿਸ਼ਨਰ, ਜਲੰਧਰ ਮੰਡਲ, ਜਲੰਧਰ
5. ਸਮੂਹ ਡਿਪਟੀ ਕਮਿਸ਼ਨਰ ਪੰਜਾਬ ਰਾਜ
6. ਸੀਨੀਅਰ ਪੁਲਿਸ ਕਪਤਾਨ, ਕਪੂਰਥਲਾ।
7. ਵਧੀਕ ਡਿਪਟੀ ਕਮਿਸ਼ਨਰ, ਫਗਵਾੜਾ/ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕਪੂਰਥਲਾ।
8. ਸਮੂਹ ਉਪ ਮੰਡਲ ਮੈਜਿਸਟਰੇਟਸ, ਤਹਿਸੀਲਦਾਰ, ਕਾਰਜ ਸਾਧਕ ਅਫਸਰ ਜਿਲ੍ਹਾ ਕਪੂਰਥਲਾ
9. ਸਿਵਲ ਸਰਜਨ, ਕਪੂਰਥਲਾ/ ਡੀ.ਪੀ.ਆਰ.ਓ., ਕਪੂਰਥਲਾ
10. ਜ਼ਿਲਾ ਸਿੱਖਿਆ ਅਫਸਰ(ਸੈ.ਸਿੱ.)/(ਐਲੀ.ਸਿੱ:)/ ਡੀ.ਐਮ., ਪੰਜਾਬ ਸਕੂਲ ਸਿੱਖਿਆ ਬੋਰਡ, ਕਪੂਰਥਲਾ।
11. ਸੁਪਰਡੰਟ ਗ੍ਰੇਡ-1/ਪੀ.ਏ. ਟੂ ਡੀ.ਐਮ/ਸਟੈਨੋ ਟੂ ਏ.ਡੀ.ਐਮ/ਸਟੈਨੋ ਟੂ ਏ.ਸੀ.(ਜ)/ ਡੀ.ਆਰ.ਓ

ਵਾਸਤੇ ਜਿਲ੍ਹਾ ਮੈਜਿਸਟਰੇਟ,
ਕਪੂਰਥਲਾ।

Scanned with CamScanner